ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

## 363.16 ਕਰੋੜ ਰੁਪਏ ਦੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ ਅਦਾਇਗੀ-ਡਿਪਟੀ ਕਮਿਸ਼ਨਰ

## 265725 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

## ਜ਼ਿਲ੍ਹੇਂ ਦੀਆਂ ਮੰਡੀਆਂ 'ਚ ਹੁਣ ਤੱਕ 266935 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ

## ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

ਫਾਜ਼ਿਲਕਾ 31 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖਰੀਦ ਦਾ ਕੰਮ ਸਮੂਹ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਤੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨੀਂ ਤੱਕ ਕਿਸਾਨਾਂ ਨੂੰ 363.16 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਹੋਰ ਦੱਸਿਆ ਕਿ ਬੀਤੀ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 265725 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ 266935 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 54790 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 47742 ਮੀਟ੍ਰਿਕ ਟਨ, ਪਨਸਪ ਵੱਲੋਂ 77273 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 30038 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 22858 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 33005 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।